# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :19-12-2025**

ਸੰਸਦ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ ਗਾਰੰਟੀ (ਗ੍ਰਾਮੀਣ): ਵਿਕਸਿਤ ਭਾਰਤ - ਜੀ ਰਾਮ ਜੀ ਬਿੱਲ, 2025 ਪਾਸ ਕਰ ਦਿੱਤਾ ਏ। ਰਾਜ ਸਭਾ ਨੇ ਕੱਲ੍ਹ ਰਾਤ ਇਸ ਬਿੱਲ ਨੂੰ ਮਨਜ਼ੂਰੀ ਦਿੱਤੀ। ਲੋਕ ਸਭਾ ਇਸ ਬਿੱਲ ਨੂੰ ਪਹਿਲਾਂ ਹੀ ਪਾਸ ਕਰ ਚੁਕੀ ਏ। ਇਸ ਬਿੱਲ ਰਾਹੀਂ ਸਰਕਾਰ ਦਾ ਉਦੇਸ਼, 2047 ਤੱਕ ਇੱਕ ਵਿਕਸਤ ਭਾਰਤ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਦੇ ਅਨੁਕੂਲ ਇੱਕ ਦਿਹਾਤੀ ਵਿਕਾਸ ਢਾਂਚਾ ਤਿਆਰ ਕਰਨਾ ਏ। ਇਹ ਹਰ ਵਿੱਤੀ ਸਾਲ ਵਿੱਚ, ਹਰੇਕ ਦਿਹਾਤੀ ਪਰਿਵਾਰ ਨੂੰ 125 ਦਿਨਾਂ ਦੇ ਰੁਜ਼ਗਾਰ ਦੀ ਕਾਨੂੰਨੀ ਗਰੰਟੀ ਪ੍ਰਦਾਨ ਕਰੇਗਾ। ਇਸ ਯੋਜਨਾ ਲਈ, ਕੇਂਦਰ ਸਰਕਾਰ 60 ਫ਼ੀਸਦੀ ਫੰਡਿੰਗ ਅਤੇ ਰਾਜ ਸਰਕਾਰਾਂ 40 ਫ਼ੀਸਦੀ ਦਾ ਯੋਗਦਾਨ ਪਾਉਣਗੀਆਂ, ਹਾਲਾਂਕਿ ਇਹ ਵਿਵਸਥਾ ਉੱਤਰ-ਪੂਰਬੀ ਅਤੇ ਹਿਮਾਲੀਆਈ ਰਾਜਾਂ ਲਈ, 90 :10 ਅਨੁਪਾਤ ਚ ਹੋਵੇਗੀ। ਰਾਜ ਸਰਕਾਰਾਂ, ਬੇਰੁਜ਼ਗਾਰੀ ਭੱਤਾ ਅਤੇ

ਮੁਆਵਜ਼ਾ ਵੀ ਦਿੰਦੀਆਂ ਰਹਿਣਗੀਆਂ। ਰਾਜ ਸਭਾ ਵਿੱਚ ਚਰਚਾ ਦੌਰਾਨ, ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ, ਸਰਕਾਰ "ਰਾਸ਼ਟਰ ਪਹਿਲਾਂ" ਦੇ ਨਾਅਰੇ ਨਾਲ ਕੰਮ ਕਰ ਰਹੀ ਏ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਤੋਂ ਬਿਨਾਂ ਦੇਸ਼ ਦਾ ਵਿਕਾਸ ਨਹੀਂ ਹੋ ਸਕਦਾ । ਸ੍ਰੀ ਚੌਹਾਨ ਨੇ ਕਿਹਾ ਕਿ ਸਰਕਾਰ, ਸਮਾਜ ਦੇ ਪਛੜੇ ਵਰਗਾਂ ਨੂੰ ਲਾਭ ਪਹੁੰਚਾਉਣ ਲਈ ਅਣਥੱਕ ਯਤਨ ਕਰ ਰਹੀ ਏ ।

---------------------------------------------------------------------

ਸੰਸਦ ਦੇ ਦੋਵੇਂ ਸਦਨਾਂ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਏ ।19 ਦਿਨਾਂ ਦਾ ਸਰਦ ਰੁੱਤ ਇਜਲਾਸ  ਅੱਜ ਸਮਾਪਤ ਹੋਇਆ। ਪਹਿਲਾਂ, ਲੋਕ ਸਭਾ ਤੇ ਉਸ ਤੋਂ ਬਾਅਦ ਰਾਜ ਸਭਾ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ । ਆਪਣੇ ਸਮਾਪਤੀ ਭਾਸ਼ਣ ਵਿੱਚ, ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਸਦਨ ਵਿਚ ਲਗਭਗ 111 ਫੀਸਦੀ ਕੰਮਕਾਜ ਹੋਇਆ । ਉਨ੍ਹਾਂ ਦਸਿਆ ਕਿ ਸਦਨ ਵਿੱਚ ਕੁੱਲ 15 ਬੈਠਕਾਂ ਹੋਈਆਂ। ਉਨ੍ਹਾਂ ਨੇ ਸਦਨ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਵਿੱਚ ਸਹਿਯੋਗ ਲਈ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਰਾਜ ਸਭਾ ਦੇ ਚੇਅਰਮੈਨ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਸਦਨ ਨੇ ਲਗਭਗ 92 ਘੰਟੇ ਕੰਮ ਕੀਤਾ  ਕੀਤਾ। ਉਨ੍ਹਾਂ  ਕਿਹਾ ਕਿ ਇਜਲਾਸ ਦੌਰਾਨ 59 ਨਿੱਜੀ ਬਿੱਲ ਪੇਸ਼ ਕੀਤੇ ਗਏ। ਉਨ੍ਹਾਂ ਕਿਹਾ ਕਿ ਸਦਨ ਨੇ

ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਇੱਕ ਵਿਸ਼ੇਸ਼ ਚਰਚਾ ਕੀਤੀ, ਜਿਸ ਵਿੱਚ 82 ਮੈਂਬਰਾਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਸਦਨ ਨੇ ਚੋਣ ਸੁਧਾਰਾਂ 'ਤੇ ਵੀ ਚਰਚਾ ਕੀਤੀ, ਜਿਸ ਵਿੱਚ 57 ਮੈਂਬਰਾਂ ਨੇ ਦੇਸ਼ ਦੀ ਲੋਕਤੰਤਰੀ ਪ੍ਰਕਿਰਿਆ ਨੂੰ ਮਜ਼ਬੂਤ ਕਰਨ ਲਈ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ।

-----------------------------------------------------------------------

ਪੰਜਾਬ ਚੋਣ ਕਮਿਸ਼ਨ ਨੇ ਕੱਲ 22 ਜ਼ਿਲ੍ਹਾ ਪ੍ਰੀਸ਼ਦਾਂ ਦੇ 346 ਜ਼ੋਨਾਂ ਅਤੇ 153 ਪੰਚਾਇਤ ਸੰਮਤੀਆਂ ਦੇ 2834 ਜ਼ੋਨਾਂ ਤੋਂ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਦੇ ਨਤੀਜਿਆਂ ਦਾ ਐਲਾਨ ਕੀਤਾ । ਇਸ ਸਬੰਧ ਵਿੱਚ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ 218 ਜ਼ੋਨਾਂ, ਕਾਂਗਰਸ ਨੇ 62 , ਸ਼੍ਰੋਮਣੀ ਅਕਾਲੀ ਦਲ ਨੇ 46 , ਬੀ.ਜੇ.ਪੀ ਨੇ 7, BSP ਨੇ 3 ਜ਼ੋਨ ਅਤੇ IND ਨੇ 10 ਜ਼ੋਨਾਂ ਤੋਂ ਜਿੱਤ ਪ੍ਰਾਪਤ ਕੀਤੀ ਏ । ਇਸੇ ਤਰ੍ਹਾਂ, ਪੰਚਾਇਤ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ 1529 ਜ਼ੋਨਾਂ, INC ਨੇ 611 ਜ਼ੋਨ, ਸ਼੍ਰੋਮਣੀ ਅਕਾਲੀ ਦਲ ਨੇ 449, ਬੀਜੇਪੀ ਨੇ 73, BSP ਨੇ 28 ਅਤੇ IND ਨੇ 144 ਜ਼ੋਨ ਤੋਂ ਜਿੱਤ ਹਾਸਲ ਕੀਤੀ ਏ ।

-----------------------------------------------------------------------

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ

ਵਰਗਾ ਦੇ 2440 ਲਾਭਪਾਤਰੀਆਂ ਨੂੰ 12 ਕਰੋੜ 44 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ। ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਲਈ ਅਸ਼ੀਰਵਾਦ ਸਕੀਮ ਅਧੀਨ ਵੱਖ ਵੱਖ ਜ਼ਿਲਿਆਂ ਦੇ ਕੁੱਲ 2440 ਲਾਭਪਾਤਰੀਆਂ ਦੀਆਂ ਦਰਖਾਸਤਾਂ ਚਾਲੂ ਸਾਲ ਦੌਰਾਨ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਸਨ। ਇਹਨਾਂ 2440 ਲਾਭਪਾਤਰੀਆਂ ਨੂੰ ਕਵਰ ਕਰਨ ਲਈ 12.44 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ। ਸਮਾਜਿਕ ਨਿਆਂ ਮੰਤਰੀ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਜਿਲ੍ਹਾ ਜਿਲ੍ਹਾ ਅੰਮ੍ਰਿਤਸਰ ਦੇ 657, ਬਰਨਾਲਾ ਦੇ 7, ਬਠਿੰਡਾ ਦੇ 44, ਫਿਰੋਜਪੁਰ ਦੇ 124, ਗੁਰਦਾਸਪੁਰ ਦੇ 509, ਹੁਸ਼ਿਆਰਪੁਰ ਦੇ 79 ਅਤੇ ਜਲੰਧਰ ਦੇ 92 ਲਾਭਪਾਤਰੀਆਂ ਨੂੰ ਲਾਭ ਦਿੱਤਾ ਗਿਆ ਏ।

---------------------------------------------------------------------------

ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ ਦੀ 16ਵੀ ਮੀਟਿੰਗ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਪ੍ਰਧਾਨਗੀ 'ਚ ਹੋਈ। ਚੰਡੀਗੜ੍ਹ ਵਿਖੇ ਹੋਈ ਇਸ ਮੀਟਿੰਗ ਦੌਰਾਨ ਕੌਂਸਲ ਵੱਲੋਂ 5 ਟਰਾਂਮਾ ਕੇਅਰ ਸੈਂਟਰਾਂ ਦੇ ਆਧੁਨੀਕਰਨ ਲਈ 66 ਲੱਖ ਰੁਪਏ ਦੇ ਫੰਡਜ਼ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਈ-ਡਾਰ ਪ੍ਰੋਜੈਕਟ ਨੂੰ

ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ 415 ਸਮਾਰਟ ਫੋਨ ਪੁਲਿਸ ਵਿਭਾਗ ਵਿੱਚ IOs ਨੂੰ ਦੇਣ ਦਾ ਫੈਸਲਾ ਵੀ ਕੀਤਾ ਗਿਆ। ਇਸ ਤੋਂ ਇਲਾਵਾ ਕੌਂਸਲ ਵਲੋਂ 35 ਏ. ਐਲ. ਐਸ. ਐਬੂਲੈਂਸਜ਼ ਲਈ 14 ਕਰੋੜ ਰੁਪਏ 31 ਮਾਰਚ, 2026 ਤੱਕ ਜਾਰੀ ਕਰਨ ਦਾ ਫੈਸਲਾ ਵੀ ਲਿਆ ਗਿਆ। ਇਸ ਤੋਂ ਇਲਾਵਾ ਈ-ਡਾਰ ਪ੍ਰੋਜੈਕਟ ਨੂੰ ਇਫੈਕਟਿਵਲੀ ਲਾਗੂ ਕਰਨ ਲਈ 415 ਸਮਾਰਟ ਫੋਨ ਪੁਲਿਸ ਵਿਭਾਗ ਵਿੱਚ ਆਈ ਓਜ ਨੂੰ ਦੇਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ 5 ਟਰਾਂਮਾ ਕੇਅਰ ਸੈਂਟਰਾਂ ਦੇ ਆਧੁਨੀਕਰਨ ਲਈ 66 ਲੱਖ ਰੁਪਏ ਦੇ ਫੰਡਜ਼ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ 35 ਏ. ਐਲ. ਐਸ. ਐਬੂਲੈਂਸਜ਼ ਲਈ 14 ਕਰੋੜ ਰੁਪਏ 31 ਮਾਰਚ,2026 ਤੱਕ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ । ਇਸੇ ਤਰਾਂ ਵਿਸਥਾਰ ਸਹਿਤ ਈ-ਡਾਰ ਪ੍ਰੋਜੈਕਟ , ਸੜਕ ਹਾਦਸਿਆਂ ਦੀ ਸੰਭਾਵਨਾ ਵਾਲੀਆਂ ਥਾਵਾਂ ਦੀ ਪਛਾਣ ਸਬੰਧੀ ਮੁੱਦਿਆ ਤੇ ਚਰਚਾ ਕੀਤੀ ਗਈ।

---

ਕੁਵੈਤ ਵਿੱਚ ਵਾਪਰੇ ਇੱਕ ਸੜਕ ਹਾਦਸੇ ਵਿਚ ਜਲੰਧਰ , ਗੁਰਦਾਸਪੁਰ ਅਤੇ ਅੰਮ੍ਰਿਤਸਰ ਦੇ 3 ਨੌਜਵਾਨਾਂ ਸਮੇਤ ਸੱਤ ਲੋਕਾਂ ਦੀ ਮੌਤ ਹੋ ਗਈ । ਸਾਡੇ ਪੱਤਰਕਾਰ ਨੇ ਦਸਿਆ ਏ ਕਿ ਇਹ ਸਾਰੇ ਨੌਜਵਾਨ ਵਿਦੇਸ਼ ਵਿੱਚ ਰੋਜ਼ੀ ਰੋਟੀ ਕਮਾਉਣ ਲਈ ਗਏ ਸਨ । ਦੋਰਾਂਗਲਾ ਦੇ ਨੌਜਵਾਨ ਦੀ

ਪਛਾਣ ਜਗਦੀਪ ਸਿੰਘ ਮੰਗਾ ਵਜੋਂ ਹੋਈ ਏ , ਬਾਕੀ ਦੋ ਨੌਜਵਾਨਾਂ ਦੀ ਹਾਲੇ ਤੱਕ ਸ਼ਨਾਖਤ ਨਹੀਂ ਹੋ ਸਕੀ ।

----------------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਉੱਤਰਾਖੰਡ ਵਿੱਚ ਸੰਘਣੀ ਧੁੰਦ ਛਾਏ ਰਹਿਣ ਦੀ ਪੇਸ਼ੀਨਗੋਈ ਕੀਤੀ ਏ । ਇਸ ਦੌਰਾਨ, ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੀ ਸ਼੍ਰੇਣੀ ਵਿੱਚ ਬਣੀ ਹੋਈ ਏ । ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਨੁਸਾਰ, ਅੱਜ ਸਵੇਰੇ 7 ਵਜੇ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕਾਂਕ 387 ਦਰਜ ਕੀਤਾ ਗਿਆ।

----------------------------------------------------------------------------------

ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ 5ਵਾਂ ਅਤੇ ਆਖਰੀ ਟਵੈਂਟੀ - ਟਵੈਂਟੀ ਅੰਤਰਰਾਸ਼ਟਰੀ ਮੈਚ ਅੱਜ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਖੇ ਖੇਡਿਆ ਜਾਵੇਗਾ ।ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਸੂਰਿਆ ਕੁਮਾਰ ਯਾਦਵ ਦੀ ਅਗਵਾਈ ਵਾਲੀ ਭਾਰਤੀ ਟੀਮ ਟੂਰਨਾਮੈਂਟ ਵਿੱਚ 2-1 ਨਾਲ ਅੱਗੇ ਏ। ਬੁੱਧਵਾਰ ਨੂੰ ਲਖਨਊ ਦੇ ਏਕਾਨਾ ਸਟੇਡੀਅਮ ਵਿੱਚ ਚੌਥਾ ਟਵੈਂਟੀ -ਟਵੈਂਟੀ ਮੈਚ ਧੁੰਦ ਕਾਰਨ ਰੱਦ ਕਰ ਦਿੱਤਾ ਗਿਆ।